# ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਪ੍ਰੋਫੈਸਰ ਇਮਾਨੂੰਏਲ ਨਾਹਰ ਵਲੋਂ ਅਧਿਕਾਰੀਆਂ ਨਾਲ ਮੀਟਿੰਗ

## ਘੱਟ ਗਿਣਤੀ ਵਰਗ ਨਾਲ ਸੰਬੰਧਿਤ ਮਸਲੇ ਹੱਲ ਕਰਨ ਦੇ ਦਿੱਤੇ ਨਿਰਦੇਸ਼



**ਗੁਰਦਾਸਪੁਰ, 22 ਅਗਸਤ (ਹਰਪ੍ਰੀਤ ਰਾਜੂ)**

ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਪ੍ਰੋਫੈਸਰ ਇਮਾਨੂੰਏਲ ਨਾਹਰ ਵਲੋਂ ਸਥਾਨਕ ਪੰਚਾਇਤ ਭਵਨ ਵਿਖੇ ਜ਼ਿਲਾ ਅਧਿਕਾਰੀਆਂ ਨਾਲ ਘੱਟ ਗਿਣਤੀ ਵਰਗ ਨਾਲ ਸੰਬੰਧਿਤ ਮਸਲਿਆਂ ਪ੍ਰਤੀ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਹੰਸ ਰਾਜ ਵਾਈਸ ਚੇਅਰਮੈਨ ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ, ਤਰਸੇਮ ਸਹੋਤਾ ਵਾਈਸ ਚੇਅਰਮੈਨ ਮਸੀਹ ਭਲਾਈ ਬੋਰਡ, ਹਰਵਿੰਦਰ ਸਿੰਘ ਸੰਧੂ ਐਸ.ਪੀ (ਡੀ), ਅਰਵਿੰਦ ਸਲਵਾਨ ਤਹਿਸੀਲਦਾਰ, ਕੁਲਵਿੰਦਰ ਸਿੰਘ ਡੀ.ਐਸ.ਪੀ ਧਾਰੀਵਾਲ, ਮੁਕਲ ਸ਼ਰਮਾ ਤਹਿਸੀਲ ਵੈਲਫੇਅਰ ਅਫਸਰ, ਐਸ.ਐਚ.ਓ ਮਨਜੀਤ ਸਿੰਘ, ਕੁਲਵਿੰਦਰ ਸਿੰਘ ਲਾਡੀ ਸਰਪੰਚ ਪਿੰਡ ਅਲਾਵਲਪੁਰ ਆਦਿ ਮੌਜੂਦ ਸਨ। ਚੇਅਰਮੈਨ ਪ੍ਰੋ. ਨਾਹਰ ਨੇ ਅਧਿਕਾਰੀਆਂ ਨਾਲ ਵੱਖ-ਵੱਖ ਪਿੰਡਾਂ ਨਾਲ ਸੰਬੰਧਿਤ ਮਸਲਿਆਂ ਨੂੰ ਹੱਲ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ। ਉਨਾਂ ਕਿਹਾ ਕਿ ਜਿਸ ਪਿੰਡ ਜਾਂ ਕਸਬੇ ਆਦਿ ਵਿਚ ਕਬਰਿਸਤਾਨ ਬਣਾਉਣ ਦੀ ਜਰੂਰਤ ਹੈ, ਉਥੇ ਕਬਰਿਸਤਾਨ ਬਣਾਇਆ ਜਾਵੇ ਅਤੇ ਕੁਝ ਥਾਵਾਂ ਤੇ ਲੋਕਾਂ ਵਲੋਂ ਕਬਰਿਸਤਾਨ ਦੀ ਜਗਾ ਉਪਰ ਨਜਾਇਜ਼ ਕਬਜ਼ੇ ਕੀਤੇ ਹਨ, ਉਸ ਵਿਰੁੱਧ ਜਲਦ ਲੋੜੀਦੀ ਕਾਰਵਾਈ ਕੀਤੀ ਜਾਵੇ। ਉਨਾਂ ਅੱਗੇ ਕਿਹਾ ਕਿ ਜਿਥੇ ਪਹਿਲਾਂ ਕਬਰਿਸਤਾਨ ਬਣੀ ਹੋਈ ਹੈ, ਉਸਦੀ ਚਾਰਦਿਵਾਰੀ ਵੀ ਕਰਵਾਈ ਜਾਵੇ। ਉਨਾਂ ਪਿੰਡਾਂ ਤੇ ਸ਼ਹਿਰੀ ਖੇਤਰ ਅੰਦਰ ਮਸੀਹ ਭਾਈਚਾਰੇ ਲੋਕਾਂ ਲਈ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਲਾਭ ਦੇਣ ਦੀ ਹਦਾਇਤ ਕੀਤੀ। ਉਨਾਂ ਪਿੰਡ ਅਲਾਵਲਪੁਰ ਵਿਖੇ ਕਬਰਿਸਤਾਨ ਅਤੇ ਸ਼ਮਸ਼ਾਨਘਾਟ ਨੂੰ ਜਾਂਦੇ ਰਸਤੇ ਪੱਕਾ ਕਰਨ, ਛੱਪੜ ਦੀ ਚਾਰ ਦਿਵਾਰੀ ਕਰਨ, ਖੇਡ ਸਟੇਡੀਅਮ ਬਣਾਉਣ ਅਚੇ ਚਰਚ ਨੂੰ ਜਾਂਦੀਆਂ ਗਲੀਆਂ ਵਿਚ ਇੰਟਰਲਾਕ ਟਾਇਲ ਲਗਾਉਣ ਲਈ ਸੰਬੰਧਿਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤਾ। ਇਸੇ ਤਰਾਂ ਉਨਾਂ ਪਿੰਡ ਬਿਧੀਪੁਰ, ਨਬੀਪੁਰ ਅਤੇ ਜੀਤੇ ਵਾਲ ਵਿਖੇ ਘੱਟ ਗਿਣਤੀ ਵਰਗ ਨਾਲ ਸੰਬਧਿਤ ਮੁਸ਼ਕਿਲਾਂ ਹੱਲ ਕਰਨ ਲਈ ਸਿਵਲ ਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ। ਚੇਅਰਮੈਨ ਪ੍ਰੋ. ਨਾਹਰ ਵਲੋਂ ਸੰਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਇਨਾਂ ਉਪਰੋਕਤ ਮਸਲਿਆਂ ਨੂੰ ਜਲਦੀ ਹੱਲ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉਨਾਂ ਅੱਗੇ ਕਿਹਾ ਕਿ ਘੱਟ ਗਿਣਤੀ ਕਮਿਸ਼ਨ ਅਤੇ ਸਰਕਾਰ ਘੱਟ ਗਿਣਤੀ ਵਰਗ ਦੇ ਲੋਕਾਂ ਦੇ ਨਾਲ ਖੜੀ ਹੈ ਅਤੇ ਜੇਕਰ ਘੱਟ ਗਿਣਤੀ ਵਰਗ ਦੇ ਲੋਕਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਉਹ ਕਮਿਸ਼ਨ ਨੂੰ ਲਿਖਤੀ ਤੌਰ 'ਤੇ ਸੂਚਿਤ ਕਰ ਸਕਦੇ ਹਨ।

ਸੱਚ ਦੀ ਪਟਾਰੀ
www.sachdipattari.com